# ਪ੍ਰਾਸਪੈਕਟਸ

## ਮੈਟ੍ਰਿਕੁਲੇਸ਼ਨ (ਦਸਵੀਂ) / ਸੀਨੀਅਰ ਸੈਕੰਡਰੀ (ਬਾਰਵੀਂ) ਪ੍ਰੀਖਿਆ (ਸਮੇਤ ਓਪਨ ਸਕੂਲ)
## ਮਾਰਚ 2024

## ਕੰਪਾਰਟਮੈਂਟ/ਰੀ-ਅਪੀਅਰ, ਵਾਧੂ ਵਿਸ਼ਾ ਅਤੇ ਕਾਰਗੁਜ਼ਾਰੀ ਵਧਾਉਣ ਲਈ

**ਪੰਜਾਬ ਸਕੂਲ ਸਿੱਖਿਆ ਬੋਰਡ**
ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ)
ਪੰਜਾਬ

# ਪੰਜਾਬ ਸਕੂਲ ਸਿੱਖਿਆ ਬੋਰਡ

## ਦਸਵੀਂ/ਬਾਰ੍ਹਵੀਂ ਪਰੀਖਿਆ, ਮਾਰਚ-2024 ਕੰਪਾਰਟਮੈਂਟ/ਰੀ-ਅਪੀਅਰ, ਕਾਰਗੁਜਾਰੀ ਵਧਾਉਣ ਲਈ ਅਤੇ ਵਾਧੂ ਵਿਸ਼ੇ ਵਾਲੇ ਉਮੀਦਵਾਰਾਂ ਲਈ ਪਰੀਖਿਆ ਫਾਰਮ ਭਰਨ ਸਬੰਧੀ ਜਰੂਰੀ ਸੂਚਨਾਵਾਂ/ਹਦਾਇਤਾਂ

1.1 ਪਰੀਖਿਆ ਫਾਰਮ ਭਰਨ ਤੋਂ ਪਹਿਲਾਂ ਪਰੀਖਿਆ ਸਬੰਧੀ ਨਿਯਮ/ਵਿਨਿਯਮ/ਪਾਠ-ਕ੍ਰਮ ਨੂੰ ਚੰਗੀ ਤਰ੍ਹਾਂ ਪੜ੍ਹ ਲਿਆ ਜਾਵੇ|

1.2 ਉਮੀਦਵਾਰ ਵੱਲੋਂ ਪਰੀਖਿਆ ਫਾਰਮ ਅਤੇ ਫੀਸ ਜਮ੍ਹਾਂ ਕਰਾਉਣ ਨਾਲ ਪਰੀਖਿਆ ਦੇਣ ਦਾ ਅਧਿਕਾਰ ਨਹੀਂ ਬਣ ਜਾਂਦਾ| ਪਰੀਖਿਆ ਉਹੀ ਉਮੀਦਵਾਰ ਦੇ ਸਕਦਾ ਹੈ ਜੋ ਨਿਯਮਾਂ ਅਨੁਸਾਰ ਯੋਗਤਾਵਾਂ ਪੂਰੀਆਂ ਕਰਦਾ ਹੋਵੇ|

1.3 ਅਕੈਡਮੀ ਰਾਹੀਂ ਜਾਂ ਅਕੈਡਮੀ ਦੇ ਪਤੇ ਵਾਲਾ ਕੋਈ ਵੀ ਪਰੀਖਿਆ ਫਾਰਮ ਨਹੀ ਲਿਆ ਜਾਵੇਗਾ| ਅਜਿਹਾ ਕਰਨ ਤੇ ਪਰੀਖਿਆ ਫਾਰਮ ਰੱਦ ਕਰ ਦਿੱਤਾ ਜਾਵੇਗਾ|

1.4 ਗਲਤ ਬਿਆਨੀ/ਗਲਤ ਪਤਾ/ਅਧੂਰੇ ਵੇਰਵੇ ਅਤੇ ਯੋਗ ਤਸਦੀਕ ਨਾ ਹੋਣ ਕਾਰਨ/ਫੀਸ ਘੱਟ ਪ੍ਰਾਪਤ ਹੋਣ ਕਾਰਨ ਜਾਂ ਫਾਰਮ ਵਿੱਚ ਕੋਈ ਹੋਰ ਤਰੁੱਟੀ ਹੋਣ ਕਾਰਨ ਉਮੀਦਵਾਰ ਦਾ ਉਮੀਦਵਾਰੀ ਹੱਕ ਰੱਦ ਕਰ ਦਿੱਤਾ ਜਾਵੇਗਾ|

1.5 ਰੋਲ ਨੰਬਰ ਕੇਵਲ ਬੋਰਡ ਦੀ ਵੈਬਸਾਈਟ ਤੇ ਹੀ ਉਪਲੱਬਧ ਹੋਣਗੇ ਅਤੇ ਡਾਕ ਰਾਹੀਂ ਕੋਈ ਰੋਲ ਨੰਬਰ ਨਹੀਂ ਭੇਜਿਆ ਜਾਵੇਗਾ| ਪਰੀਖਿਆ ਸ਼ੁਰੂ ਹੋਣ ਤੋਂ ਇੱਕ ਹਫਤਾ ਪਹਿਲਾਂ ਰੋਲ ਨੰਬਰ ਨਾ ਮਿਲਣ ਦੀ ਸੂਰਤ ਵਿੱਚ ਉਮੀਦਵਾਰ ਵੱਲੋਂ ਸਬੂਤਾਂ (ਪਰੀਖਿਆ ਫਾਰਮ/ਫੀਸ ਦੀ ਰਸੀਦ/ਯੋਗਤਾ ਸਬੰਧੀ ਸਰਟੀਫਿਕੇਟ ਅਤੇ ਫੋਟੋ ) ਸਮੇਤ ਰੋਲ ਨੰਬਰ ਪ੍ਰਾਪਤ ਕਰਨ ਲਈ ਮੁੱਖ ਦਫਤਰ ,ਪੰਜਾਬ ਸਕੂਲ ਸੱਿਖਿਆ ਬੋਰਡ, ਐਸ|ਏ|ਐਸ ਨਗਰ (ਮੋਹਾਲੀ) ਨਾਲ ਸੰਪਰਕ ਕੀਤਾ ਜਾਵੇ|

1.6 ਕੇਵਲ ਨੇਤਰਹੀਣ ਅਤੇ ਲਿਖਣ ਤੋਂ ਨਕਾਰਾ ਹੋਏ ਉਮੀਦਵਾਰਾਂ ਲਈ ਲਿਖਾਰੀ ਲੈਣ ਦੀ ਆਗਿਆ ਹੋਵੇਗੀ| ਅਜਿਹੇ ਉਮੀਦਵਾਰ ਲਿਖਾਰੀ ਲੈਣ ਲਈ ਬਿਨੈ ਪੱਤਰ ਸਾਦੇ ਕਾਗਜ ਤੇ

10/X/23

ਲਿਖਾਰੀ ਦੀ ਤਸਦੀਕਸ਼ੁਦਾ ਫੋਟੋ ਹਸਤਾਖਰਾਂ ਸਮੇਤ ਸਬੰਧਤ ਜਿਲ੍ਹੇ ਦੇ ਮੁੱਖ ਮੈਡੀਕਲ ਅਫਸਰ ਕੋਲੋਂ ਡਾਕਟਰੀ ਸਰਟੀਫਿਕੇਟ ਪ੍ਰਾਪਤ ਕਰ ਕੇ ਆਪਣੇ ਪਰੀਖਿਆ ਫਾਰਮ ਦੇ ਨਾਲ ਭੇਜਣ।

1.7 ਝਗੜੇ ਦੀ ਸੂਰਤ ਵਿੱਚ ਕਾਨੂੰਨੀ ਕਾਰਵਾਈ ਕੇਵਲ ਸਾਹਿਬਜਾਦਾ ਅਜੀਤ ਸਿੰਘ ਨਗਰ ਸਥਿਤ ਅਦਾਲਤ ਵਿੱਚ ਹੀ ਕੀਤੀ ਜਾਵੇਗੀ।

1.8 ਵਾਧੂ ਵਿਸ਼ੇ ਵਾਲੇ ਪ੍ਰੀਖਿਆਰਥੀ ਜੇਕਰ ਪ੍ਰਯੋਗੀ ਵਿਸ਼ੇ ਵਾਲੀ ਪਰੀਖਿਆ ਦਿੰਦਾ ਹੈ, ਤਾਂ ਉਸ ਲਈ ਲਿਖਤੀ ਅਤੇ ਪ੍ਰਯੋਗੀ ਦੋਵੇਂ ਪਰੀਖਿਆਵਾਂ ਵਿੱਚ ਅਪੀਅਰ ਹੋਣਾ ਲਾਜਮੀ ਹੈ।

1.9 ਉਮੀਦਵਾਰ ਆਪਣੇ ਪ੍ਰੀਖਿਆ ਫਾਰਮ ਫੀਸ ਅਤੇ ਚਲਾਨ ਇਕੱਠੇ ਜਮ੍ਹਾ ਕਰਵਾਉਣਗੇ।

1.10 ਕਾਰਗੁਜਾਰੀ ਵਧਾਉਣ ਵਾਲੇ ਪ੍ਰੀਖਿਆਰਥੀ ਪ੍ਰੀਖਿਆ ਪਾਸ ਕਰਨ ਉਪਰੰਤ ਅਗਲੇ ਦੋ ਸਾਲਾਂ ਵਿੱਚ ਪ੍ਰੀਖਿਆ ਦੌਰਾਨ ਮੌਕਾਂ ਲੈ ਕੇ ਕਾਰਗੁਜਾਰੀ ਦੀ ਪ੍ਰੀਖਿਆ ਦੇ ਸਕਦਾ ਹੈ।

1.11 ਕਾਰਗੁਜਾਰੀ ਵਧਾਉਣ ਲਈ ਪ੍ਰੀਖਿਆਰਥੀ ਇੱਕ ਜਾਂ ਇੱਕ ਤੋ ਵਧ ਵਿਸ਼ਿਆ ਵਿੱਚ ਅਪੀਅਰ ਹੋ ਆਪਣੀ ਕਾਰਗੁਜਾਰੀ ਵਧਾ ਸਕਦਾ ਹੈ।

1.11.1 ਅਜਿਹੇ ਪ੍ਰੀਖਿਆਰਥੀ ਦੇ ਨਤੀਜੇ ਵਿੱਚ ਘੱਟੋ ਘੱਟ ਇੱਕ ਪ੍ਰਤੀਸ਼ਤ ਅੰਕ ਵੱਧ ਜਾਣ ਤੇ ਉਸ ਦੀ ਕਾਰਗੁਜਾਰੀ ਵਿੱਚ ਸੁਧਾਰ ਸਮਝਿਆ ਜਾਵੇਗਾ।

1.11.2 ਵਿਸ਼ੇਵਾਰ ਪਹਿਲਾਂ ਪ੍ਰਾਪਤ ਅੰਕ ਵਿੱਚੋ ਇੱਕ ਘੱਟ ਜਾਣ ਦੀ ਸੂਰਤ ਵਿੱਚ ਸਬੰਧਤ ਵਿਸ਼ੇ ਦਾ ਪਿਛਲਾ ਨਤੀਜਾ ਬਰਕਰਾਰ ਰਖਿਆ ਜਾਵੇਗਾ।

1.11.3 ਕਿਸੇ ਵਿਸ਼ੇ/ਵਿਸ਼ਿਆਂ ਵਿੱਚ ਗੈਰ ਹਾਜਰ ਰਹਿਣ ਦੀ ਸੂਰਤ ਵਿੱਚ ਸਬੰਧਤ ਵਿਸ਼ਾ/ਵਿਸ਼ਿਆਂ ਦਾ ਪਹਿਲਾ ਨਤੀਜਾ ਬਰਕਰਾਰ ਰੱਖਿਆ ਜਾਵੇਗਾ।

1.11.4 ਇਸ ਕੈਟਾਗਰੀ ਅਧੀਨ ਅਪੀਅਰ ਹੋਣ ਵਾਲੇ ਪ੍ਰੀਖਿਆਰਥੀ ਜੋ ਪ੍ਰਯੋਗੀ ਅਤੇ ਸੀ.ਸੀ.ਈ ਦੇ ਸਬੰਧ ਪੁਰਾਣੇ ਅੰਕ ਚੁੱਕੇ ਜਾਣਗੇ। ਜੇਕਰ ਪ੍ਰੀਖਿਆਰਥੀ ਨਵੇਂ ਸਿਰੇ ਤੋ ਪ੍ਰਯੋਗੀ ਪ੍ਰੀਖਿਆ ਦੇਣਾ ਚਾਹੁੰਦਾ ਤਾਂ ਉਸ ਨੂੰ ਆਪਣੇ ਪ੍ਰੀਖਿਆ ਫਾਰਮ ਵਿੱਚ ਨਵੀਂ ਪ੍ਰਯੋਗੀ ਪ੍ਰੀਖਿਆ ਬਾਰੇ ਜਿਕਰ ਕਰਨਾ ਹੋਵੇਗਾ।

10/8/23

ਤੋਂ ਜਿਸ ਦਾ ਅਹੁਦਾ ਜਿਲ੍ਹਾ ਸਿੱਖਿਆ ਅਫਸਰ ਤੋਂ ਘੱਟ ਨਾ ਹੋਵੇ ਜਾਂ ਪਹਿਲੇ ਦਰਜੇ ਦਾ ਮੈਜਿਸਟ੍ਰੇਟ|

3.3 ਕੇਂਦਰੀ ਇਲਾਕਾ ਚੰਡੀਗੜ੍ਹ ਦੇ ਉਮੀਦਵਾਰ ਆਪਣਾ ਪਰੀਖਿਆ ਫਾਰਮ ਸਥਾਨਿਕ ਪ੍ਰਵਾਨਿਤ ਸੀਨੀਅਰ ਸੈਕੰਡਰੀ ਸਕੂਲ ਦੇ ਮੁਖੀ ਤੋ ਤਸਦੀਕ ਕਰਵਾ ਸਕਦੇ ਹਨ ਜਾਂ ਸਥਾਨਿਕ ਸਿੱਖਿਆ ਵਿਭਾਗ ਦੇ ਕਿਸੇ ਅਧਿਕਾਰੀ ਪਾਸੋਂ ਜਿਸਦਾ ਅਹੁਦਾ ਜਿਲ੍ਹਾ ਸਿੱਖਿਆ ਅਫਸਰ ਤੋਂ ਘੱਟ ਨਾ ਹੋਵੇ|

3.4 ਸੈਨਿਕ ਉਮੀਦਵਾਰ ਪਰੀਖਿਆ ਫਾਰਮ ਆਪਣੇ ਯੂਨਿਟ ਦੇ ਰੈਜੀਮੈਂਟ/ਕੰਪਨੀ ਅਫਸਰ ਤੋਂ ਤਸਦੀਕ ਕਰਵਾਉਣ| ਸੈਨਿਕ ਹੋਣ ਦਾ ਸਬੂਤ ਨਾਲ ਨੱਥੀ ਕੀਤਾ ਜਾਵੇ|

3.5 ਵਾਧੂ ਵਿਸ਼ੇ ਦੀ ਪ੍ਰੀਖਿਆ ਸਾਲ ਵਿੱਚ ਦੋ ਵਾਰ ਅਨੁਪੂਰਕ ਪ੍ਰਖਿਆ ਦੇ ਨਾਲ ਅਤੇ ਮਾਰਚ ਵਿੱਚ ਹੋਵੇਗੀ ਜਦੋਂ ਕਿ ਕਾਰਗੁਜਾਰੀ ਦੀ ਪ੍ਰੀਖਿਆ ਕੇਵਲ ਮਾਰਚ ਵਿੱਚ ਹੀ ਹੋਵੇਗੀ।

3.6 ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪਰੀਖਿਆਵਾਂ ਦੇ ਸਮੇਂ ਵਿੱਚ ਲੋੜ ਅਨੁਸਾਰ ਤਬਦੀਲੀ ਕੀਤੀ ਸਕਦੀ ਹੈ|

**4. ਆਨ ਲਾਈਨ ਪ੍ਰੀਖਿਆ ਫਾਰਮ/ਫੀਸ ਭਰਨ ਅਤੇ ਫਾਰਮ ਦੀ ਕਾਪੀ (ਸਮੇਤ ਦਸਤਾਵੇਜ) :-**

**4.1 ਫੀਸਾਂ ਦਾ ਵੇਰਵਾ :-**

| | **ਮੈਟ੍ਰਿਕੁਲੇਸ਼ਨ (ਦਸਵੀਂ)** | **ਸੀਨੀਅਰ ਸੈਕੰਡਰੀ (ਬਾਰਵੀਂ)** |
|---|---|---|
| ਰੀ-ਅਪੀਅਰ / ਕੰਪਾਰਟਮੈਂਟ ਅਤੇ ਵਾਧੂ ਵਿਸ਼ਾ ਲਈ ਪ੍ਰੀਖਿਆ ਫੀਸ | 1150/- (ਉੱਕਾ ਪੁੱਕਾ) | 1500/- (ਉੱਕਾ ਪੁੱਕਾ) |
| ਕਾਰਗੁਜ਼ਾਰੀ ਵਧਾਉਣ ਲਈ ਪ੍ਰੀਖਿਆ ਫੀਸ | 1900/- (ਉੱਕਾ ਪੁੱਕਾ) | 2200/- (ਉੱਕਾ ਪੁੱਕਾ) |
| ਸਰਟੀਫਿਕੇਟ ਦੀ ਹਾਰਡ ਕਾਪੀ ਦੀ ਫੀਸ | 200/- | 250/- |

ਆਨਲਾਈਨ ਫਾਰਮ ਭਰਨ ਉਪਰੰਤ ਹਾਰਡ ਕਾਪੀ ਫਾਰਮ ਪ੍ਰਿੰਟ ਕਰਕੇ ਤਸਦੀਕਸ਼ੁਦਾ ਪ੍ਰੀਖਿਆ ਫਾਰਮ ਦੇ ਨਾਲ ਰੀ-ਅਪੀਅਰ/ਕੰਪਾਰਟਮੈਂਟ ਦੀ ਸੂਰਤ ਵਿੱਚ ਨਤੀਜ਼ੇ ਦੀ ਕਾਪੀ, ਕਾਰਗੁਜ਼ਾਰੀ ਵਧਾਉਣ ਲਈ ਅਤੇ ਵਾਧੂ ਵਿਸ਼ਾ ਦੀ ਸੂਰਤ ਵਿੱਚ ਸਬੰਧਤ ਸ੍ਰੇਣੀ ਦੇ ਪਾਸ ਸਰਟੀਫਿਕੇਟ ਦੀ

10/8/23

ਤਸਦੀਕਸ਼ੁਦਾ ਕਾਪੀ ਨੱਥੀ ਕਰਕੇ ਨਿਮਨਲਿਖਤ ਸ਼ਡਿਊਲ ਅਨੁਸਾਰ ਦਫਤਰ ਵਿੱਚ ਜਮ੍ਹਾਂ ਕਰਵਾਇਆ ਜਾਵੇ।

## 4.2 ਮਿਤੀਆ ਦਾ ਸ਼ਡਿਊਲ :-

| ਵੇਰਵਾ | ਬਿਨ੍ਹਾਂ ਲੇਟ ਫੀਸ | 500/- ਲੇਟ ਫੀਸ ਨਾਲ |
|---|---|---|
| ਆਨਲਾਈਨ ਪ੍ਰੀਖਿਆ ਫਾਰਮ ਸਬਮਿਟ ਕਰਨ ਅਤੇ ਫੀਸ ਜਮ੍ਹਾਂ ਕਰਵਾਉਣ ਦੀ ਅੰਤਿਮ ਮਿਤੀ | 25/10/2023 | 06/11/2023 |
| ਤਸਦੀਕਸ਼ੁਦਾ ਪ੍ਰੀਖਿਆ ਫਾਰਮ ਅਤੇ ਦਸਤਾਵੇਜ਼ (ਹਾਰਡ ਕਾਪੀ) ਦਫਤਰ ਵਿੱਚ ਜਮ੍ਹਾਂ ਕਰਵਾਉਣ ਦੀ ਅੰਤਿਮ ਮਿਤੀ | 31/10/2023 (ਖੇਤਰੀ ਦਫਤਰ) | 10/11/2023 (ਖੇਤਰੀ ਦਫਤਰ) |

ਪਰੀਖਿਆ ਫੀਸ ਕੇਵਲ ਆਨ-ਲਾਈਨ ਗੇਟ ਵੇਅ, ਕਰੈਡਿਟ ਕਾਰਡ, ਡੈਬਿਟ ਕਾਰਡ ਅਤੇ ਨੈਟ ਬੈਂਕਿੰਗ ਰਾਹੀਂ ਜਮ੍ਹਾਂ ਹੋਵੇਗੀ, ਪਰੀਖਿਆ ਫੀਸ ਜਮ੍ਹਾਂ ਹੋਣ ਉਪਰੰਤ ਹੀ ਫਾਰਮ ਆਨ-ਲਾਈਨ ਪ੍ਰਿੰਟ ਕੀਤੇ ਜਾ ਸਕਣਗੇ |

## 5. ਆਨਲਾਈਨ ਫਾਰਮ ਭਰਨ ਸਬੰਧੀ ਹਦਾਇਤਾਂ :-

5.1 ਬੋਰਡ ਦੀ ਵੈੱਬ ਸਾਈਟ www.pseb.ac.in ਨੂੰ ਖੋਲਿਆ ਜਾਵੇ ਅਤੇ ਇਸ ਉੱਪਰ ਦਿੱਤੇ ਹੋਏ Online Forms ਸੈਕਸ਼ਨ ਤੇ ਕਲਿੱਕ ਕੀਤਾ ਜਾਵੇ।

5.2 Online Forms ਸੈਕਸ਼ਨ ਅਧੀਨ ਪ੍ਰਾਈਵੇਟ ਪ੍ਰੀਖਿਆ ਫਾਰਮ ਨਾਲ ਸਬੰਧਤ ਲਿੰਕ ਤੇ ਕਲਿੱਕ ਕੀਤਾ ਜਾਵੇ।

5.3 ਕਲਿੱਕ ਕਰਨ ਉਪਰੰਤ ਫਾਰਮ ਭਰਨ ਲਈ ਆਨਲਾਈਨ ਐਪਲੀਕੇਸ਼ਨ ਖੁੱਲੇਗੀ| ਇਸ ਪੇਜ ਉੱਪਰ ਇੱਕ ਪਾਸੇ ਪ੍ਰਾਸਪੈਕਟ ਅਤੇ ਜਰੂਰੀ ਹਦਾਇਤਾਂ ਦਿੱਤੀਆਂ ਗਈਆਂ ਹਨ, ਇਹਨਾਂ ਨੂੰ ਫਾਰਮ ਭਰਨ ਤੋਂ ਪਹਿਲਾਂ ਚੰਗੀ ਤਰ੍ਹਾਂ ਪੜ੍ਹ ਲਿਆ ਜਾਵੇ ਅਤੇ ਦੂਸਰੇ ਪਾਸੇ ਹੇਠ ਲਿਖੇ 3 ਲਿੰਕ ਦਿੱਤੇ ਗਏ ਹਨ -

5.3 New User ? Click Here To Register : ਜਿਸ ਵੀ ਪ੍ਰੀਖਿਆਰਥੀ ਨੇ ਫਾਰਮ ਭਰਨਾ ਹੈ, ਉਸ ਲਈ ਇੱਕ ਵਾਰੀ ਇਸ ਲਿੰਕ ਤੇ ਕਲਿੱਕ ਕਰਕੇ ਰਜਿਸਟਰ ਕਰਨਾ ਜਰੂਰੀ ਹੈ| ਰਜਿਸਟਰ ਕਰਨ ਲਈ ਸ਼੍ਰੇਣੀ, ਫਾਰਮ ਦੀ

10/x/23

ਕੈਟਾਗਰੀ (ਭਾਵ ਕੰਪਾਰਟਮੈਂਟ/ਰੀਅਪੀਅਰ, ਵਾਧੂ ਵਿਸ਼ਾ ਅਤੇ ਕਾਰਗੁਜਾਰੀ ਵਧਾਉਣ ਲਈ), ਪ੍ਰੀਖਿਆ ਦੀ ਕਿਸਮ, ਸੈਸ਼ਨ/ਸਾਲ, ਪੁਰਾਣਾ ਰੋਲ ਨੰਬਰ, ਪ੍ਰੀਖਿਆਰਥੀ ਦਾ ਮੋਬਾਈਲ ਨੰਬਰ ਅਤੇ ਈ. ਮੇਲ ਭਰਕੇ ਸਬਮਿਟ ਕੀਤਾ ਜਾਵੇ| ਸਬਮਿਟ ਕਰਨ ਉਪਰੰਤ ਫਾਰਮ ਖੁੱਲ ਜਾਵੇਗਾ, ਫਾਰਮ ਵਿੱਚ ਦਿੱਤੇ ਸਾਰੇ ਕਾਲਮ ਧਿਆਨ ਨਾਲ ਭਰੇ ਜਾਣ| ਉਸ ਫਾਰਮ ਉੱਪਰ ਇੱਕ ਰੈਫਰੈਂਸ ਨੰ. ਜਾਰੀ ਕੀਤਾ ਜਾਵੇਗਾ, ਉਸਨੂੰ ਨੋਟ ਕਰਕੇ ਰੱਖਣਾ ਯਕੀਨੀ ਬਣਾਇਆ ਜਾਵੇ| ਇੱਕ ਸੈਸ਼ਨ ਦੌਰਾਨ ਇੱਕ ਵਾਰ ਰਜਿਸਟਰ ਕਰਨ ਤੋਂ ਬਾਅਦ ਦੁਬਾਰਾ ਰਜਿਸਟਰ ਕਰਨ ਦੀ ਲੋੜ ਨਹੀਂ ਹੈ|

5.4 If you have Registered & have Ref. No Click Here To Login : ਜੋ ਪ੍ਰੀਖਿਆਰਥੀ ਰਜਿਸਟਰ ਕਰ ਚੁੱਕਾ ਹੈ ਅਤੇ ਉਸ ਕੋਲ ਰੈਫਰੈਂਸ ਨੰਬਰ ਹੈ ਤਾਂ ਇਸ ਲਿੰਕ ਕਰਕੇ ਲਾਗਇੰਨ ਕਰੇਗਾ ਅਤੇ ਉਸਦਾ ਫਾਰਮ ਖੁੱਲ ਜਾਵੇਗਾ| ਇਸ ਉਪਰੰਤ ਫੀਸ ਭਰਕੇ ਐਪਲੀਕੇਸ਼ਨ ਫਾਰਮ ਪ੍ਰਿੰਟ ਕੀਤਾ ਜਾ ਸਕਦਾ ਹੈ|

5.5 Forgot Ref. No? Click Here : ਇਹ ਲਿੰਕ ਉਹਨਾਂ ਪ੍ਰੀਖਿਆਰਥੀਆਂ ਲਈ ਹੈ, ਜਿੰਨਾਂ ਨੇ ਪਹਿਲੇ ਲਿੰਕ ਰਾਹੀਂ ਇੱਕ ਵਾਰੀ ਰਜਿਸਟਰ ਕਰ ਲਿਆ ਸੀ, ਪ੍ਰੰਤੂ ਉਹ ਆਪਣਾ ਰੈਫਰੈਂਸ ਨੰਬਰ ਭੁੱਲ ਗਏ ਹਨ| ਉਹ ਇਸ ਲਿੰਕ ਰਾਹੀਂ ਦਿੱਤੇ ਕਾਲਮਾਂ ਵਿੱਚ ਮੰਗੀ ਸੂਚਨਾਂ ਭਰ ਕੇ ਆਪਣਾ ਰੈਫਰੈਂਸ ਨੰਬਰ ਦੇਖ ਸਕਦੇ ਹਨ|

5.6 ਫਾਰਮ ਵਿੱਚ ਦਿੱਤੇ ਸਾਰੇ ਕਾਲਮ ਭਰਕੇ ਫਾਰਮ ਸੇਵ ਕਰ ਦਿੱਤਾ ਜਾਵੇ ਅਤੇ ਫਾਰਮ ਨੂੰ ਦੁਬਾਰਾ ਚੰਗੀ ਤਰ੍ਹਾਂ ਵਾਚਣ ਉਪਰੰਤ ਆਨਲਾਈਨ ਗੇਟਵੇਅ ਰਾਹੀਂ ਫੀਸ ਭਰ ਦਿੱਤੀ ਜਾਵੇ | ਫੀਸ ਭਰਨ ਉਪਰੰਤ ਫਾਰਮ ਵਿੱਚ ਭਰੇ ਵੇਰਵਿਆ ਵਿੱਚ ਕੋਈ ਵੀ ਸੋਧ ਨਹੀਂ ਕੀਤੀ ਜਾ ਸਕੇਗੀ| ਫਾਰਮ ਵਿੱਚ ਗਲਤ ਭਰ ਗਏ ਵੇਰਵਿਆ ਦੀ ਸੋਧ ਲਈ ਸਬੰਧਤ ਪ੍ਰੀਖਿਆ ਸ਼ਾਖਾ (ਮੁੱਖ ਦਫਤਰ), ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸੰਪਰਕ ਕੀਤਾ ਜਾਵੇ।

10/8/23

5.7 ਫੀਸ ਵੈਰੀਫਾਈ ਹੋਣ ਉਪਰੰਤ ਪ੍ਰੀਖਿਆ ਫਾਰਮ ਪ੍ਰਿੰਟ ਕਰਵਾ ਕੇ ਸਕੂਲ ਤੋਂ ਤਸਦੀਕ ਕਰਵਾ ਕੇ (ਸਮੇਤ ਦਸਤਾਵੇਜ਼) ਸ਼ਡਿਊਲ ਮੁਤਾਬਕ ਜਿਲ੍ਹਾ ਖੇਤਰੀ ਦਫਤਰ ਵਿਖੇ ਜਮ੍ਹਾਂ ਕਰਵਾਇਆ ਜਾਵੇ|

**6. ਨੋਟ -**

6.1 ਉਮੀਦਵਾਰ ਕੇਵਲ ਤਹਿਸੀਲ/ਜਿਲਾ ਹੈਡਕੁਆਟਰ ਤੇ ਬਣੇ ਪਰੀਖਿਆ ਕੇਂਦਰ ਤੇ ਹੀ ਪਰੀਖਿਆ ਦੇਵੇਗਾ|

6.2 ਪ੍ਰੀਖਿਆਰਥੀਆਂ ਦੇ ਰੋਲ ਨੰਬਰ ਬੋਰਡ ਦੀ ਵੈੱਬ ਸਾਈਟ ਤੋਂ ਸਿੱਧੇ ਤੌਰ ਤੇ ਰੋਲ ਨੰਬਰ ਸੈਕਸ਼ਨ ਅਧੀਨ ਦਿੱਤੇ ਲਿੰਕ ਤੇ ਜਾ ਕੇ ਡਾਊਨਲੋਡ ਕੀਤੇ ਜਾਣ|

10/12/21